# World Water Day 22/03/2023



ਲੇਖ ਲਿਖਣ ਮੁਕਾਬਲੇ ਵਿਚ ਹਿੱਸਾ ਲੈਣ ਵਾਲੀਆਂ ਵਿਦਿਆਰਥਣਾਂ ਵਿਭਾਗ ਦੇ ਸਟਾਫ਼ ਨਾਲ। ਤਸਵੀਰ : ਧਾਲੀਵਾਲ

## ਖ਼ਾਲਸਾ ਕਾਲਜ 'ਚ ਵਿਸ਼ਵ ਜਲ ਦਿਵਸ ਮਨਾਇਆ

ਗੜ੍ਹਸ਼ੰਕਰ, 26 ਮਾਰਚ (ਧਾਲੀਵਾਲ)- ਸਥਾਨਕ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਵਿਖੇ ਲਾਈਫ਼ ਸਾਇੰਸ ਵਿਭਾਗ ਵਲੋਂ ਵਿਸ਼ਵ ਜਲ ਦਿਵਸ ਮਨਾਇਆ। ਇਸ ਮੌਕੇ ਰੀਡਜ਼ ਸੰਸਥਾ ਦੇ ਸਹਿਯੋਗ ਨਾਲ ਵਿਦਿਆਰਥੀਆਂ ਦਾ ਜਲ ਦਿਵਸ ਸਬੰਧੀ ਲੇਖ ਲਿਖਣ ਮੁਕਾਬਲਾ ਕਰਵਾਇਆ, ਜਿਸ ਵਿਚ ਬੀ.ਐੱਸਸੀ ਤੇ ਬੀ.ਐੱਸਸੀ. ਬੀ.ਐੱਡ. ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। 'ਮੈਂ ਪਾਣੀ ਨੂੰ ਇਸ ਗਰਮੀਆਂ 'ਚ ਕਿਵੇਂ ਸੰਭਾਲ ਸਕਦਾ ਹਾਂ' ਵਿਸ਼ੇ 'ਤੇ ਕਰਵਾਏ ਲੇਖ ਮੁਕਾਬਲੇ ਵਿਚ 26 ਵਿਦਿਆਰਥੀਆਂ ਨੇ ਆਪਣੇ ਵਿਚਾਰਾਂ ਨੂੰ ਲਿਖਤੀ ਰੂਪ ਵਿਚ ਪੇਸ਼ ਜਿਸ ਵਿਚੋਂ ਮੋਹਰੀ ਰਹੇ ਵਿਦਿਆਰਥੀਆਂ ਦਾ ਨਕਦ ਇਨਾਮਾਂ ਨਾਲ ਸਨਮਾਨ ਕੀਤਾ। ਇਸ ਮੌਕੇ ਵਿਭਾਗ ਮੁੱਖੀ ਡਾ. ਮਨਬੀਰ ਕੌਰ, ਡਾ. ਕੁਲਦੀਪ ਕੌਰ, ਪ੍ਰੋ. ਅਸ਼ਵਨੀ ਕੁਮਾਰ, ਪ੍ਰੋ. ਜਸਪ੍ਰੀਤ ਕੌਰ ਤੇ ਹੋਰ ਹਾਜ਼ਰ ਹੋਏ।